ਹਰਿਆਣਾ ਅਤੇ ਦਿੱਲੀ ਗੁਰਦੁਆਰਾ ਕਮੇਟੀਆਂ ਵੱਲੋਂ ਜਥੇਦਾਰ ਕਾਉਂਕੇ ਨੂੰ 'ਫਖਰ-ਏ-ਕੌਮ' ਸਨਮਾਨ ਦੇਣ ਦੀ ਕੇਂਦਰੀ ਸਿੰਘ ਸਭਾ ਵੱਲੋਂ ਹਮਾਇਤ

ਆਜ਼ਾਦ ਸੋਚ
ਮੇਜਰ ਸਿੰਘ ਪੰਜਾਬੀ
ਚੰਡੀਗੜ੍ਹ, 25 ਜਨਵਰੀ

ਹਰਿਆਣਾ ਅਤੇ ਦਿੱਲੀ ਦੀਆਂ ਗੁਰਦੁਆਰਾ ਮੈਨੇਜਮੈਂਟ ਕਮੇਟੀਆਂ ਵੱਲੋਂ 31 ਸਾਲ ਪਹਿਲਾਂ ਝੂਠੇ ਪੁਲਿਸ ਮੁਕਾਬਲੇ 'ਚ ਮਾਰੇ ਗਏ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਨੂੰ ਸਾਂਝੇ ਤੌਰ ਤੇ 'ਫਖਰ-ਏ-ਕੌਮ' ਦਾ ਖਿਤਾਬ ਦੇਣ ਦੀ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਨੇ ਅੱਜ ਪੁਰਜ਼ੋਰ ਹਮਾਇਤ ਕੀਤੀ।

ਪੰਚਕੂਲਾ ਦੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਦਸਵੀਂ, ਨਾਢਾ ਸਾਹਿਬ ਵਿਖੇ ਜਥੇਦਾਰ ਕਾਉਂਕੇ ਦੀ ਯਾਦ ਵਿੱਚ ਅੱਜ ਸ਼ਹੀਦੀ ਸਮਾਗਮ ਕੀਤਾ ਗਿਆ, ਜਿਥੇ ਜਥੇਦਾਰ ਦੇ ਵੱਡੇ ਸਪੁੱਤਰ ਹਰੀ ਸਿੰਘ ਨੇ ਹਰਿਆਣਾ-ਦਿੱਲੀ ਕਮੇਟੀਆਂ ਦੇ ਲੀਡਰਾਂ ਅਤੇ ਹੋਰ ਪਤਵੰਤੇ ਸਿੱਖਾਂ ਵੱਲੋਂ ਆਪਣੇ ਪਿਤਾ ਨੂੰ ਦਿੱਤੇ 'ਫਖਰ-ਏ-ਕੌਮ' ਸਨਮਾਨ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਵੀਕਾਰ ਕੀਤਾ।

ਸਮਾਗਮ ਵਿੱਚ ਹਾਜ਼ਰ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਦੇ ਪ੍ਰਤੀਨਿਧਾਂ ਨੇ ਵੀ ਸਵਰਗਵਾਸੀ ਪ੍ਰਕਾਸ਼ ਸਿੰਘ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਵੱਲੋਂ ਦਿੱਤੇ 'ਫਖਰ-ਏ-ਕੌਮ' ਸਨਮਾਨ ਨੂੰ ਵਾਪਸ ਕਰਨ ਦੇ ਮਤੇ ਦੀ ਵੀ ਪੁਰਜ਼ੋਰ ਹਮਾਇਤ ਕੀਤੀ। ਅੱਜ ਦੇ ਸਿੱਖ ਨੁਮਾਇੰਦਿਆਂ ਦੇ ਇਕੱਠ ਵਿੱਚ ਇਕ ਮਤਾ ਪਾਸ ਹੋਇਆ ਕਿ ਸਾਰੀਆਂ ਸਿੱਖ ਜਥੇਬੰਦੀਆਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਰਘਬੀਰ ਸਿੰਘ ਨੂੰ ਲਿਖਤੀ ਅਪੀਲ ਕਰਨ ਕਿ ਵੱਡੇ ਬਾਦਲ ਨੂੰ ਦਿੱਤੇ 'ਫਖਰ-ਏ-ਕੌਮ' ਸਨਮਾਨ ਨੂੰ ਵਾਪਸ ਕੀਤਾ ਜਾਵੇ।

ਇਸ ਸਮਾਗਮ ਵਿੱਚ ਸਰਬਸੰਮਤੀ ਨਾਲ ਇਹ ਮਤਾ ਵੀ ਪਾਸ ਹੋਇਆ ਕਿ ਮਰਹੂਮ ਬਾਦਲ ਨੇ ਮੁੱਖ ਮੰਤਰੀ ਦੀ ਹੈਸੀਅਤ ਵਿੱਚ ਜਥੇਦਾਰ ਕਾਉਂਕੇ ਨੂੰ ਪੁਲਿਸ ਹੱਥੋਂ 1993 ਵਿੱਚ ਮਾਰੇ ਜਾਣ ਦੀ ਉੱਚ ਪੱਧਰ ਸਰਕਾਰੀ ਜਾਂਚ ਤਾਂ ਕਰਵਾਈ, ਪਰ ਸੀਨੀਅਰ ਪੁਲਿਸ ਅਫਸਰ ਬੀ.ਪੀ. ਤਿਵਾੜੀ ਵੱਲੋਂ 1999 ਵਿੱਚ ਪੇਸ਼ ਕੀਤੀ ਜਾਂਚ ਰੀਪੋਰਟ ਨੂੰ ਦਬਾ ਕੇ ਹੀ ਰੱਖ ਲਿਆ। ਉਸ ਤੋਂ ਬਾਅਦ ਦੋ ਵਾਰ ਬਾਦਲ ਸਰਕਾਰਾਂ 2007 ਤੋਂ 2012 ਅਤੇ 2012 ਤੋਂ 2017 ਦੌਰਾਨ ਵੀਂ ਤਿਵਾੜੀ ਜਾਂਚ ਰੀਪੋਰਟ ਦਬਾਈ ਹੀ ਰੱਖੀ। ਇਸ ਕਰਕੇ, ਬਾਦਲ ਸਿੱਖ ਕੌਮ ਦਾ ਸਿਰਮੌਰ ਸਨਮਾਨ ਪ੍ਰਾਪਤ ਕਰਨ ਦਾ ਹੱਕਦਾਰ ਨਹੀਂ ਹੈ। ਸਮਾਗਮ ਨੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਅਕਾਲੀ ਦਲ ਦੇ ਮੌਜੂਦਾ ਪ੍ਰਧਾਨ ਅਤੇ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਵੀ ਬਰਾਬਰ ਦੇ ਦੋਸ਼ੀ ਪੇਸ਼ ਕੀਤਾ ਅਤੇ ਅਕਾਲ ਤਖ਼ਤ ਦੇ ਜਥੇਦਾਰ ਨੂੰ ਅਪੀਲ ਕੀਤੀ ਕਿ ਉਹਨਾਂ ਦੋਨਾਂ ਲੀਡਰਾਂ ਨੂੰ ਅਕਾਲ ਤਖ਼ਤ ਉੱਤੇ ਤਲਬ ਕੀਤਾ ਜਾਵੇ ਅਤੇ ਉਹਨਾਂ ਨੂੰ ਦੋਸ਼ੀ ਗਰਦਾਨਿਆ ਜਾਵੇ ਅਤੇ ਬਣਦੀ ਧਾਰਮਿਕ ਸਜ਼ਾ ਦਿੱਤੀ ਜਾਵੇ।

ਇਸ ਮੌਕੇ ਪ੍ਰੋਫੈਸਰ ਸ਼ਾਮ ਸਿੰਘ (ਪ੍ਰਧਾਨ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ), ਡਾ. ਖੁਸ਼ਹਾਲ ਸਿੰਘ (ਜਨਰਲ ਸਕੱਤਰ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ) ਜਸਪਾਲ ਸਿੰਘ ਸਿੱਧੂ, ਰਾਜਵਿੰਦਰ ਸਿੰਘ, ਮਾਲਵਿੰਦਰ ਸਿੰਘ ਮਾਲੀ, ਗੁਰਸ਼ਮਸ਼ੀਰ ਸਿੰਘ ਵੜੈਚ, ਗੁਰਪ੍ਰੀਤ ਸਿੰਘ, ਪ੍ਰਤੀਨਿਧ ਗਲੋਬਲ ਸਿੱਖ ਕੌਂਸਲ ਅਤੇ ਸੁਰਿੰਦਰ ਸਿੰਘ ਕਿਸ਼ਨਪੁਰਾ ਆਦਿ ਨੇ ਸ਼ਮੂਲੀਅਤ ਕੀਤੀ।

ਪਰਮਜੀਤ ਸਿੰਘ ਬਜਾਜ ਨੇ ਰਾਮ ਰਹੀਮ ਨੂੰ ਮੁੜ ਪੈਰੋਲ ਦੇਣ 'ਤੇ ਸਖ਼ਤ ਇਤਰਾਜ਼ ਜਿਤਾਇਆ

ਜੇਲ੍ਹਾਂ 'ਚ ਨਜ਼ਰਬੰਦ ਸਿੱਖਾਂ ਨਾਲ ਸਰਕਾਰਾਂ ਅਪਣਾ ਰਹੀਆਂ ਪੱਖਪਾਤੀ ਰਵੱਈਆ: ਪਰਮਜੀਤ ਬਜਾਜ

ਨਵੀਂ ਦਿੱਲੀ, 25 ਜਨਵਰੀ (ਸੁਖਰਾਜ ਸਿੰਘ): ਮਨੁੱਖਤਾ ਭਲਾਈ ਮਿਸ਼ਨ ਸੰਸਥਾ ਦੇ ਸੀਨੀਅਰ ਆਗੂ ਅਤੇ ਉੱਘੇ ਸਮਾਜ ਸੇਵੀ ਸ. ਪਰਮਜੀਤ ਸਿੰਘ ਬਜਾਜ ਨੇ ਕਤਲ ਤੇ ਜਬਰ ਜਨਾਹ ਦੇ ਸੰਗੀਨ ਦੋਸ਼ਾਂ ਤਹਿਤ ਜੇਲ੍ਹ 'ਚ ਸਜ਼ਾ ਕੱਟ ਰਹੇ ਡੇਰਾ ਸਿਰਸਾ ਮੁੱਖੀ ਗੁਰਮੀਤ ਰਾਮ ਰਹੀਮ ਨੂੰ ਸਰਕਾਰ ਵੱਲੋਂ ਵਾਰ-ਵਾਰ ਪੈਰੋਲ ਦੇਣ 'ਤੇ ਸਖ਼ਤ ਇਤਰਾਜ਼ ਜਿਤਾਇਆ ਹੈ।ਸ. ਪਰਮਜੀਤ ਸਿੰਘ ਬਜਾਜ ਕਿਹਾ ਕਿ ਦੇਸ਼ ਅੰਦਰ ਸਰਕਾਰਾਂ ਦੋਹਰੀ ਨੀਤੀ ਅਪਣਾ ਰਹੀਆਂ ਹਨ। ਇਕ ਪਾਸੇ ਬਲਾਤਕਾਰ ਤੇ ਕਤਲ ਦੇ ਇਲਜ਼ਾਮਾਂ ਵਿਚ ਸਜ਼ਾ ਕੱਟ ਰਹੇ ਵਿਅਕਤੀ ਨੂੰ ਵਾਰ-ਵਾਰ ਪੈਰੋਲ ਦਿੱਤੀ ਜਾਂਦੀ ਹੈ, ਜਦਕਿ ਦੂਸਰੇ ਪਾਸੇ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਸਿੱਖਾਂ ਬਾਰੇ ਪੱਖਪਾਤੀ ਰਵੱਈਆ ਅਪਣਾਇਆ ਜਾ ਰਿਹਾ ਹੈ।ਮਨੁੱਖਤਾ ਭਲਾਈ ਮਿਸ਼ਨ ਸੰਸਥਾ ਦੇ ਸੀਨੀਅਰ ਆਗੂ ਅਤੇ ਉੱਘੇ ਸਮਾਜ ਸੇਵੀ ਸ. ਪਰਮਜੀਤ ਸਿੰਘ ਬਜਾਜ ਨੇ ਨੇ ਕਿਹਾ ਕਿ ਸਿਆਸੀ ਹਿੱਤਾਂ ਲਈ ਸਰਕਾਰਾਂ ਵੱਲੋਂ ਗੁਰਮੀਤ ਰਾਮ ਰਹੀਮ ਦੇ ਘਿਨੌਣੇ ਅਪਰਾਧਾਂ ਨੂੰ ਅੱਖੋਂ-ਓਹਲੇ ਕਰਕੇ ਉਸ ਨੂੰ ਬਾਰ-ਬਾਰ ਛੱਡਿਆ ਜਾਣਾ ਇਤਰਾਜ਼ਯੋਗ ਹੈ ਅਤੇ ਇਹ ਰਾਮ ਰਹੀਮ ਵੱਲੋਂ ਕੀਤੇ ਜ਼ੁਲਮਾਂ ਦੇ ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਵਾਲੀ ਕਾਰਵਾਈ ਹੈ।ਸ. ਬਜਾਜ ਨੇ ਕਿਹਾ ਕਿ ਰਾਮ ਰਹੀਮ ਨਾਲ ਸਰਕਾਰ ਵੱਲੋਂ ਵਿਸ਼ੇਸ਼ ਹਮਦਰਦੀ ਸਵਾਲ ਪੈਦਾ ਕਰਦੀ ਹੈ।ਇਹ ਸਿੱਧੇ ਤੌਰ 'ਤੇ ਸਿਆਸਤ ਤੋਂ ਪ੍ਰੇਰਤ ਵਰਤਾਰਾ ਹੈ।

ਮੁੱਖ ਮੰਤਰੀ ਨੇ ਸ਼ਹੀਦ ਅਗਨੀਵੀਰ ਅਜੇ ਕੁਮਾਰ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਵਜੋਂ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ

ਸਕੂਲ ਦਾ ਨਾਮ ਸ਼ਹੀਦ ਦੇ ਨਾਮ ਉਤੇ ਰੱਖਿਆ, ਸਟੇਡੀਅਮ/ਖੇਡ ਮੈਦਾਨ ਅਤੇ ਆਮ ਆਦਮੀ ਕਲੀਨਿਕ ਦਾ ਨਾਮ ਵੀ ਸ਼ਹੀਦ ਦੇ ਨਾਮ ਉਤੇ ਰੱਖਿਆ ਜਾਵੇਗਾ

ਆਜ਼ਾਦ ਸੋਚ ਬਿਊਰੋ
ਰਾਮਗੜ੍ਹ ਸਰਦਾਰਾਂ
(ਲੁਧਿਆਣਾ), 25 ਜਨਵਰੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਹੀਦ ਅਗਨੀਵੀਰ ਜਵਾਨ ਅਜੇ ਕੁਮਾਰ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਵਜੋਂ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ ਜੋ ਡਿਊਟੀ ਦੌਰਾਨ ਸ਼ਹਾਦਤ ਦਾ ਜਾਮ ਪੀ ਗਿਆ ਸੀ।

ਸ਼ਹੀਦ ਦੇ ਪਰਿਵਾਰ ਨਾਲ ਦੁੱਖ ਵੰਡਾਉਂਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਖੰਨਾ ਨੇੜੇ ਪਿੰਡ ਰਾਮਗੜ੍ਹ ਸਰਦਾਰਾਂ ਦੇ ਅਗਨੀਵੀਰ ਅਜੇ ਕੁਮਾਰ ਲੈਂਡਮਾਈਨ ਦੇ ਧਮਾਕੇ ਵਿੱਚ ਸ਼ਹੀਦ ਹੋ ਗਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਹਾਦਰ ਜਵਾਨ ਨੇ ਜੰਮੂ ਕਸ਼ਮੀਰ ਵਿੱਚ ਡਿਊਟੀ ਨਿਭਾਉਂਦਿਆਂ ਆਪਣੀ ਜਾਨ ਨਿਛਾਵਰ ਕਰ ਦਿੱਤੀ ਜੋ ਦੇਸ਼ ਲਈ ਖਾਸ ਕਰਕੇ ਮਾਪਿਆਂ ਲਈ ਨਾ-ਪੂਰਿਆ ਜਾਣ ਵਾਲਾ ਘਾਟਾ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਦੇਸ਼ ਲਈ ਸ਼ਹੀਦ ਜਵਾਨ ਵੱਲੋਂ ਕੀਤੀ ਕੁਰਬਾਨੀ ਦੇ ਸਤਿਕਾਰ ਵਜੋਂ ਪਰਿਵਾਰ ਨੂੰ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੁੱਚਾ ਮੁਲਕ ਸ਼ਹੀਦਾਂ ਦਾ ਰਿਣੀ ਹੈ ਜੋ ਦੇਸ਼ ਵਾਸੀਆਂ ਦੀ ਰਾਖੀ ਕਰਦਿਆਂ ਜਾਨ ਕੁਰਬਾਨ ਕਰ ਗਏ। ਉਨ੍ਹਾਂ ਕਿਹਾ ਕਿ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰਾਖੀ ਲਈ ਇਹ ਬਹਾਦਰ ਜਵਾਨ ਦੇ ਯੋਗਦਾਨ ਦੇ ਸਤਿਕਾਰ ਵਿੱਚ ਸੂਬਾ ਸਰਕਾਰ ਨਿਮਾਣਾ ਜਿਹਾ ਉਪਰਾਲਾ ਕਰ ਰਹੀ ਹੈ।

ਸ਼ਹੀਦਾਂ ਦੇ ਪਰਿਵਾਰਾਂ ਦੀ ਮਦਦ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦਾਂ ਦੇ ਪਰਿਵਾਰਾਂ ਦੀ ਭਲਾਈ ਲਈ ਸੂਬਾ ਸਰਕਾਰ ਵਿੱਤੀ ਇਮਦਾਦ ਦੇਣ ਦਾ ਉਪਰਾਲਾ ਕਰ ਰਹੀ ਹੈ। ਦੁਖੀ ਪਰਿਵਾਰ ਦੇ ਮੈਂਬਰਾਂ ਨਾਲ ਅਫਸੋਸ ਪ੍ਰਗਟਾਉਂਦਿਆਂ ਮੁੱਖ ਮੰਤਰੀ ਨੇ ਅਕਾਲ ਪੁਰਖ ਅੱਗੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਸਹੀਦ ਦੀ ਮਹਾਨ ਕੁਰਬਾਨੀ ਉਨ੍ਹਾਂ ਦੇ ਸਾਥੀ ਸੈਨਿਕਾਂ ਅਤੇ ਨੌਜਵਾਨਾਂ ਨੂੰ ਆਪਣੀ ਡਿਊਟੀ ਹੋਰ ਵੀ ਤਨਦੇਹੀ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕਰੇਗੀ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਪਿੰਡ ਦੇ ਸਰਕਾਰੀ ਸਕੂਲ ਦਾ ਨਾਮ ਸਹੀਦ ਦੇ ਨਾਮ 'ਤੇ ਰੱਖਣ ਦਾ ਨੋਟੀਫਿਕੇਸਨ ਪਹਿਲਾਂ ਹੀ ਜਾਰੀ ਕੀਤਾ ਜਾ ਚੁੱਕਾ ਹੈ ਅਤੇ ਸੂਬਾ ਸਰਕਾਰ ਵੱਲੋਂ ਸਹੀਦ ਦੇ ਨਾਂ 'ਤੇ ਖੇਡ ਮੈਦਾਨ/ਸਟੇਡੀਅਮ ਵੀ ਬਣਾਇਆ ਜਾਵੇਗਾ ਅਤੇ ਪਿੰਡ ਵਿੱਚ ਆਮ ਆਦਮੀ ਕਲੀਨਿਕ ਵੀ ਬਣਾਇਆ ਜਾਵੇਗਾ ਜਿਨ੍ਹਾਂ ਦਾ ਨਾਮ ਸ਼ਹੀਦ ਦੇ ਨਾਮ ਉੱਤੇ ਰੱਖਿਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਸਹੀਦ ਦੇ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਵੀ ਦਿੱਤੀ ਜਾਵੇਗੀ।

ਅਗਨੀਵੀਰ ਯੋਜਨਾ ਦਾ ਸਖਤ ਵਿਰੋਧ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹਾਦਰ ਸੈਨਿਕਾਂ ਦੇ ਯੋਗਦਾਨ ਦਾ ਨਿਰਾਦਰ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੀਮ ਦੇਸ ਦੇ ਨੌਜਵਾਨਾਂ ਦਾ ਸ਼ੋਸ਼ਣ ਹੈ ਕਿਉਂਕਿ ਉਨ੍ਹਾਂ ਨੂੰ ਛੋਟੀ ਉਮਰ ਵਿੱਚ ਥੋੜ੍ਹੀ ਸਮੇਂ ਦੀ ਨੌਕਰੀ ਕਰਨ ਤੋਂ ਬਾਅਦ ਬਿਨਾਂ ਕਿਸੇ ਵਿੱਤੀ ਸੁਰੱਖਿਆ ਦੇ ਵਾਪਸ ਘਰ ਭੇਜ ਦਿੱਤਾ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਜ਼ਲਾਲਤ ਭਰੀ ਯੋਜਨਾ ਹੈ ਜਿਸ ਨੂੰ ਦੇਸ ਦੇ ਵਡੇਰੇ ਹਿੱਤ ਵਿੱਚ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਇੱਥੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਆਏ ਹਨ ਕਿਉਂਕਿ ਉਹ ਇੱਥੋਂ ਦੇ ਜਵਾਨ ਵੱਲੋਂ ਦਿੱਤੀ ਮਹਾਨ ਕੁਰਬਾਨੀ ਦਾ ਸਤਿਕਾਰ ਕਰਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਦੀ ਸੱਤਾ 'ਤੇ ਕਾਬਜ ਲੋਕਾਂ ਨੂੰ ਇਨ੍ਹਾਂ ਸਹੀਦਾਂ ਦੇ ਪਰਿਵਾਰਾਂ ਨਾਲ ਕੋਈ ਹਮਦਰਦੀ ਨਹੀਂ ਹੈ, ਜਿਸ ਕਾਰਨ ਉਹ ਇਨ੍ਹਾਂ ਸਹੀਦਾਂ ਦੇ ਪਰਿਵਾਰਾਂ ਦੀ ਭਲਾਈ ਦੀ ਕਦੇ ਵੀ ਚਿੰਤਾ ਨਹੀਂ ਕਰਦੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲੋਕ ਸੰਵੇਦਨਹੀਣ ਹਨ ਕਿਉਂਕਿ ਅਜਾਦੀ ਸੰਗਰਾਮ ਦੌਰਾਨ ਇਨ੍ਹਾਂ ਨੇ ਆਪਣੇ ਪੁਰਖਿਆਂ ਨੂੰ ਨਹੀਂ ਗੁਆਇਆ ਸਗੋਂ ਆਜਾਦੀ ਪ੍ਰਾਪਤੀ ਅਤੇ ਹੁਣ ਇਸ ਦੀ ਰਾਖੀ ਲਈ ਵੀ ਪੰਜਾਬੀ ਸਭ ਤੋਂ ਅੱਗੇ ਹਨ, ਜਿਸ ਕਾਰਨ ਅਸੀਂ ਆਪਣੇ ਸਹੀਦਾਂ ਦੀ ਕਦਰ ਕਰਦੇ ਹਾਂ।

ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਆਨੰਦ ਪਰਿਵਾਰ ਵੱਲੋਂ 27 ਨੂੰ ਮਨਾਇਆ ਜਾਵੇਗਾ

ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਸਾਹਿਬ ਸੰਤ ਨਗਰ ਵਿਖੇ ਸੱਜਣਗੇ ਦੀਵਾਨ: ਕੁਲਦੀਪ ਸਿੰਘ ਅਨੰਦ

ਆਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 25 ਜਨਵਰੀ

ਅਮਰ ਸ਼ਹੀਦ, ਧੰਨ-ਧੰਨ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਪਾਵਨ ਜਨਮ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਆਨੰਦ ਪਰਿਵਾਰ ਵੱਲੋਂ ਬੜੀ ਸ਼ਰਧਾ-ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਹੋਇਆਂ ਸ. ਕੁਲਦੀਪ ਸਿੰਘ ਆਨੰਦ ਨੇ ਦਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਸਾਹਿਬ, ਸੰਤ ਨਗਰ ਨਵੀਂ ਦਿੱਲੀ ਵਿਖੇ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਦਿਨ ਵੀਰਵਾਰ ੨੫ ਜਨਵਰੀ ੨੦੨੩ ਨੂੰ ਸਵੇਰੇ ੮:੩੦ ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਈ ਅਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸਮਾਪਤੀ ਦਿਨ ਸ਼ਨਿਚਰਵਾਰ ੨੭ ਜਨਵਰੀ ੨੦੨੩ ਨੂੰ ਸਵੇਰੇ ੭:੦੦ ਵਜੇ ਹੋਵੇਗੀ।ਸ. ਕੁਲਦੀਪ ਸਿੰਘ ਆਨੰਦ ਨੇ ਦਸਿਆ ਕਿ ਸੰਪੂਰਤਾਂ ਤੋਂ ਉਪਰੰਤ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਅਤੇ ਭਾਈ ਜਗਪ੍ਰੀਤ ਸਿੰਘ ਖੰਨੇ ਵਾਲਿਆਂ ਦਾ ਰਾਗੀ ਜੱਥਾ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰੇਗਾ ਅਤੇ ਸ਼ਬਦ ਗੁਰੂ ਦੇ ਲੜ੍ਹ ਲੱਗਣ ਦੀ ਤਾਕੀਦ ਵੀ ਕੀਤੀ ਜਾਵੇਗੀ। ਅਨੰਦ ਪਰਿਵਾਰ ਨੇ ਸਮੂਹ ਸੰਗਤਾਂ ਨੂੰ ਉਕਤ ਸਮਾਗਮ ਵਿੱਚ ਹੁਮ-ਹੁਮਾਂ ਕੇ ਪਹੁੰਚਣ ਦੀ ਬੇਨਤੀ ਕੀਤੀ ਹੈ।ਉਨ੍ਹਾਂ ਕਿਹਾ ਕਿ ਸਮਾਪਤੀ ਤੋਂ ਮਗਰੋਂ ਗੁਰੂ ਕੇ ਲੰਗਰ ਅਟੁੱਤ ਵਰਤਣਗੇ।

ਮੋਦੀ ਨੇ ਜਿਵੇਂ ਕੌਮੀਅਤ ਨੂੰ ਉਭਾਰਿਆ ਉਸੇ ਤਰ੍ਹਾਂ ਸਿੱਖ ਕੌਮ ਆਪਣੀ ਕੌਮੀਅਤ ਨੂੰ ਮਜ਼ਬੂਤ ਕਰੇ: ਮਾਨ

29 ਫਰਵਰੀ ਤੋਂ ਪਹਿਲਾਂ ਗੁਰਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਵੋਟਾਂ ਬਣਾਉਣ ਦੀ ਕੀਤੀ ਗੁਜ਼ਾਰਿਸ

ਆਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 25 ਜਨਵਰੀ

ਬੇਸੱਕ ਸਮਾਜਿਕ, ਇਖਲਾਕੀ, ਸਿਆਸੀ ਅਤੇ ਭੂਗੋਲਿਕ ਮੁੱਦਿਆ ਉਤੇ ਖ਼ਾਲਸਾ ਪੰਥ, ਪੰਜਾਬ, ਪੰਜਾਬੀਆਂ ਦਾ ਸੈਂਟਰ ਦੇ ਹਿੰਦੂਤਵ ਹੁਕਮਰਾਨਾਂ, ਬੀ.ਜੇ.ਪੀ (ਆਰ.ਐਸ.ਐਸ), ਕਾਂਗਰਸ ਆਦਿ ਨਾਲ ਹਰ ਖੇਤਰ ਵਿਚ ਦਲੀਲ ਸਹਿਤ ਸੰਘਰਸ਼ ਕੀਤਾ ਜਾ ਰਿਹਾ ਹੈ ਤਾਂ ਕਿ ਖ਼ਾਲਸਾ ਪੰਥ ਤੇ ਪੰਜਾਬੀਆਂ ਨਾਲ ਹੋ ਰਹੇ ਵਿਤਕਰਿਆ, ਬੇਇਨਸਾਫ਼ੀਆਂ, ਜ਼ਬਰ ਜ਼ੁਲਮ ਦਾ ਖਾਤਮਾ ਹੋ ਸਕੇ ਪਰ ਜਿਸ ਸਿੱਦਤ ਅਤੇ ਦ੍ਰਿੜਤਾ ਨਾਲ ਮੋਦੀ ਹਕੂਮਤ ਤੇ ਨਰਿੰਦਰ ਮੋਦੀ ਨੇ ਆਪਣੀ ਹਿੰਦੂ ਕੌਮੀਅਤ ਨੂੰ ਉਭਾਰਿਆ ਹੈ ਅਤੇ ਮਜ਼ਬੂਤ ਕੀਤਾ ਹੈ, ਉਸੇ ਤਰ੍ਹਾਂ ਖ਼ਾਲਸਾ ਪੰਥ ਨੂੰ ਵੀ ਆਪਣੇ ਬੁਲੰਦ ਨਾਅਰੇ 'ਮੈਂ ਮਰਾਂ ਪੰਥ ਜੀਵੇਂ' ਨੂੰ ਮੁੱਖ ਰੱ